ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

ਪੰਜਾਬ ਦਿਵਸ ਨੂੰ ਸਮਰਪਿਤ ਜਗਤ ਪੰਜਾਬੀ ਸਭਾ ਦਾ ਕਵੀ ਦਰਬਾਰ ਸਫਲਤਾਪੂਰਵਕ ਸੰਪੰਨ

ਡਾ. ਚਰਨਜੀਤ ਕੌਰ ਢਿੱਲੋਂ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਲ; ਹਰਜੀਤ ਭੰਮਰਾ ਅਤੇ ਭੁਪਿੰਦਰ ਸਿੰਘ ਭੋਡੇ ਦਾ ਸਨਮਾਨ

ਵਰਲਡ ਪੰਜਾਬੀ ਟਾਈਮਜ਼ ਰਮਿੰਦਰ ਰੰਮੀ



ਬਰੈਂਪਟਨ 2 ਨਵੰਬਰ : ਜਗਤ ਪੰਜਾਬੀ ਸਭਾ ਵੱਲੋਂ ਪੰਜਾਬ ਦਿਵਸ ਨੂੰ ਸਮਰਪਿਤ ਮਹੀਨਾਵਾਰ ਕਵੀ ਦਰਬਾਰ ਆਪਣੇ ਦਫ਼ਤਰ, 134 ਕੇਨੇਡੀ ਰੋਡ ਸਾਊਥ, ਬਰੈਂਪਟਨ ਵਿਖੇ ਸਫਲਤਾਪੂਰਵਕ ਕਰਵਾਇਆ ਗਿਆ। ਸਭਾ ਵੱਲੋਂ ਹਰ ਮਹੀਨੇ ਦੇ ਪਹਿਲੇ ਐਤਵਾਰ ਨੂੰ ਕਰਵਾਏ ਜਾਂਦੇ ਇਸ ਸਾਹਿਤਕ ਸਮਾਗਮ ਵਿੱਚ ਕਵੀਆਂ ਅਤੇ ਸਾਹਿਤ ਪ੍ਰੇਮੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

ਸਮਾਗਮ ਦੇ ਮੁੱਖ ਮਹਿਮਾਨ ਡਾ. ਚਰਨਜੀਤ ਕੌਰ ਢਿੱਲੋਂ ਨੇ ਰਿਬਨ ਕੱਟ ਕੇ ਕਵੀ ਦਰਬਾਰ ਦਾ ਉਦਘਾਟਨ ਕੀਤਾ। ਰਿਬਨ ਕਟਾਉਣ ਦੀ ਰਸਮ ਪੱਬਪਾ ਦੇ ਪ੍ਰਧਾਨ ਡਾ. ਰਮਨੀ ਬਤਰਾ, ਬਲਵਿੰਦਰ ਕੌਰ ਚੱਠਾ, ਕੁਲਦੀਪ ਝੁਨ ਅਤੇ ਰੁਪਿੰਦਰ ਕੌਰ ਸੰਧੂ ਨੇ ਕਰਵਾਈ।

ਇਸ ਮੌਕੇ ਸੰਤੋਖ ਸਿੰਘ ਸੰਧੂ ਨੇ ਪੰਜਾਬ ਦਿਵਸ ਦੀ ਇਤਿਹਾਸਕ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ 1 ਨਵੰਬਰ 1966 ਨੂੰ ਪੰਜਾਬੀ ਸੂਬਾ ਹੋਂਦ ਵਿੱਚ ਆਇਆ ਸੀ। ਸਰਦੂਲ ਸਿੰਘ ਥਿਆੜਾ ਨੇ ਹਾਜ਼ਰੀਨ ਲਈ ਪੰਜਾਬ ਨਾਲ ਸਬੰਧਤ ਪ੍ਰਸ਼ਨਾਂ ਦੇ ਲਿਖਤੀ ਜਵਾਬ ਦੇਣ ਦੀ ਪ੍ਰਤੀਯੋਗਤਾ ਕਰਵਾਈ। ਇਸ ਵਿੱਚ ਅੱਵਲ ਰਹਿਣ ਵਾਲੀ ਹਰਜੀਤ ਭੰਮਰਾ ਨੂੰ ਪ੍ਰਬੰਧਕਾਂ ਵੱਲੋਂ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ।

ਕਵੀ ਦਰਬਾਰ ਦਾ ਸੰਚਾਲਨ ਜਸਪਾਲ ਸਿੰਘ ਦੇਸੂਵੀ ਨੇ ਸੁਚੱਜੇ ਢੰਗ ਨਾਲ ਕੀਤਾ। ਉਨ੍ਹਾਂ ਨੇ ਕਵੀਆਂ ਨੂੰ ਵਾਰੋ-ਵਾਰੀ ਮੰਚ ’ਤੇ ਸੱਦਾ ਦਿੱਤਾ। ਕਵੀਆਂ ਨੇ ਪੰਜਾਬ, ਪੰਜਾਬੀ ਸੱਭਿਆਚਾਰ ਅਤੇ ਸਮਾਜਿਕ ਸਰੋਕਾਰਾਂ ਨਾਲ ਸਬੰਧਤ ਕਵਿਤਾਵਾਂ ਸੁਣਾ ਕੇ ਸਮਾਗਮ ਵਿੱਚ ਖੂਬ ਰੰਗ ਬੰਨ੍ਹਿਆ। ਸਵਰੀਨ ਢਿੱਲੋਂ ਨੇ ਆਪਣੀ ਕਵਿਤਾ ਪੇਸ਼ ਕੀਤੀ ਅਤੇ ਰਮਿੰਦਰ ਵਾਲੀਆ ਨੇ ਆਪਣੀਆਂ ਮਕਬੂਲ ਕਵਿਤਾਵਾਂ ਨਾਲ ਸਰੋਤਿਆਂ ਦੀ ਸਾਂਝ ਪਾਈ। ਬਿਨਾਂ ਭੂਮਿਕਾ ਤੋਂ ਤਰੰਨੁਮ ਵਿੱਚ ਨਜ਼ਮ ਸੁਣਾਉਣ ਲਈ ਭੁਪਿੰਦਰ ਸਿੰਘ ਭੋਡੇ ਅੱਵਲ ਰਹੇ, ਜਿਨ੍ਹਾਂ ਨੂੰ ਪ੍ਰਬੰਧਕਾਂ ਵੱਲੋਂ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਮੁੱਖ ਮਹਿਮਾਨ ਡਾ. ਚਰਨਜੀਤ ਕੌਰ ਢਿੱਲੋਂ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਦਿਵਸ ਮਨਾਉਣ ਦੇ ਇਸ ਉਪਰਾਲੇ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਵੀਆਂ ਵੱਲੋਂ ਪੇਸ਼ ਕੀਤੀਆਂ ਪਾਏਦਾਰ ਅਤੇ ਅਰਥਪੂਰਨ ਕਵਿਤਾਵਾਂ ਦੀ ਸ਼ਲਾਘਾ ਕਰਦਿਆਂ ਸਾਰੇ ਕਵੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਜਗਤ ਪੰਜਾਬੀ ਸਭਾ ਦੇ ਚੇਅਰਮੈਨ ਅਜੈਬ ਸਿੰਘ ਚੱਠਾ ਨੇ ਸਭਾ ਦੇ ਆਉਣ ਵਾਲੇ ਸਮਾਗਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਗੁਰਚਰਨ ਸਿੰਘ ਲੁਧਿਆਣਾ ਦਾ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਹਰਜੀਤ ਕੌਰ , ਹਰਦੀਪ ਕੌਰ , ਹਰਜੀਤ ਕੌਰ ਬਮਰਾਹ , ਹਰਭਜਨ ਕੌਰ ਗਿੱਲ , ਗੁਰਦਾਸ ਸਿੰਘ ਥਬਾਲ , ਕਰਨਦੀਪ ਸਿੰਘ , ਅਮਰ ਭੁੱਲਰ , ਭੁਪਿੰਦਰ ਸਿੰਘ ਭੋਡੇ , ਰੂਬੀ ਕਰਤਾਰਪੁਰੀ ,ਐਡਵੋਕੇਟ ਗੁਰਮੇਲ ਸਿੰਘ ਢਿੱਲੋ , ਗੁਰਚਰਨ ਸਿੰਘ ਬਨਵੈਤ , ਸ . ਅਜਾਇਬ ਸਿੰਘ ਸੰਘਾ , ਮਕਸੂਦ ਚੌਧਰੀ , ਗੁਰਦਰਸ਼ਨ ਸਿੰਘ ਸੀਰਾ , ਪ੍ਰਭਜੋਤ ਸਿੰਘ ਰਾਠੌਰ , ਗੁਰਦੇਵ ਸਿੰਘ ਰੱਖੜਾ , ਤ੍ਰਿਲੋਕ ਸਿੰਘ ਕਾਹਲੋਂ, ਭੁਪਿੰਦਰ ਸਿੰਘ ਭੋਡੇ , ਪ੍ਰਿਤਪਾਲ ਸਿੰਘ ਸਚਦੇਵ , ਜਸਪਾਲ ਸਿੰਘ ਦੇਸੂਵੀ ਜੀ ਨੇ ਕਵੀ ਦਰਬਾਰ ਵਿੱਚ ਸ਼ਿਰਕਤ ਕਰਕੇ ਆਪਣੇ ਗੀਤ , ਗ਼ਜ਼ਲ ਤੇ ਕਵਿਤਾਵਾਂ ਨਾਲ ਆਪਣੀਆਂ ਖੂਬਸੂਰਤ ਰਚਨਾਵਾਂ ਨੂੰ ਬਹੁਤ ਹੀ ਪਿਆਰੇ ਅੰਦਾਜ਼ ਵਿੱਚ ਸੁਣਾ ਕੇ ਸੱਭਦੇ ਮਨਾਂ ਨੂੰ ਮੋਹ ਲਿਆ । ਸਰਪ੍ਰਸਤ ਰਾਮਿੰਦਰ ਵਾਲੀਆ ਨੇ ਸਾਰੇ ਕਵੀਆਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਸੀ।

ਅੰਤ ਵਿੱਚ ਡਾ. ਰਮਨੀ ਬਤਰਾ ਨੇ ਮੁੱਖ ਮਹਿਮਾਨ, ਕਵੀਆਂ ਅਤੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਸਾਂਝੀ ਯਾਦਗਾਰੀ ਤਸਵੀਰ ਖਿਚਵਾਉਣ ਉਪਰੰਤ ਅਗਲੇ ਮਹੀਨੇ ਮੁੜ ਮਿਲਣ ਦੀ ਉਮੀਦ ਨਾਲ ਕਵੀ ਦਰਬਾਰ ਸਮਾਪਤ ਹੋਇਆ। ਧੰਨਵਾਦ ਸਹਿਤ । ਇਹ ਖ਼ਬਰ ਚੇਅਰਮੈਨ ਸ . ਅਜੈਬ ਸਿੰਘ ਚੱਠਾ ਨੇ ਰਮਿੰਦਰ ਵਾਲੀਆ ਨੂੰ ਸਾਂਝੀ ਕੀਤੀ ।

ਇੰਟਰਨੈਸ਼ਨਲ ਮਿਲੇਨੀਅਮ ਸਕੂਲ ਵਿੱਚ ਦੀਵਾਲੀ ਦੇ ਮੌਕੇ ’ਤੇ ਵਿਦਿਆਰਥੀਆਂ ਨੇ ਬਣਾਏ ਸੁੰਦਰ ਗ੍ਰੀਟਿੰਗ ਕਾਰਡ

ਵਿਦਿਆਰਥੀਆਂ ਨੇ ਆਪਣੀ ਕਲਾਤਮਕ ਪ੍ਰਤਿਭਾ ਅਤੇ ਰਚਨਾਤਮਕ ਸੋਚ ਦਾ ਕੀਤਾ ਸ਼ਾਨਦਾਰ ਪ੍ਰਦਰਸ਼ਨ

ਚੇਅਰਮੈਨ ਵਾਸੂ ਸ਼ਰਮਾ ਅਤੇ ਡਾਇਰੈਕਟਰ ਰਕਸ਼ੰਦਾ ਸ਼ਰਮਾ ਨੇ ਬੱਚਿਆਂ ਦੇ ਉਪਰਾਲੇ ਦੀ ਕੀਤੀ ਸ਼ਲਾਘਾ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 2 ਨਵੰਬਰ : ਮੋਗਾ-ਕੋਟਕਪੂਰਾ ਰੋਡ ਸਥਿਤ ਇੰਟਰਨੈਸ਼ਨਲ ਮਿਲੇਨੀਅਮ ਸਕੂਲ, ਕੋਟਕਪੂਰਾ ਵਿਖੇ ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਲਈ ਸੁੰਦਰ ਗ੍ਰੀਟਿੰਗ ਕਾਰਡ ਬਣਾਉਣ ਦੀ ਗਤੀਵਿਧੀ ਕਰਵਾਈ ਗਈ। ਇਸ ਦੌਰਾਨ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਲਾਤਮਕ ਪ੍ਰਤਿਭਾ, ਰਚਨਾਤਮਕ ਸੋਚ ਅਤੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਰੰਗਾਂ, ਰੰਗੀਨ ਕਾਗਜ਼ਾਂ ਅਤੇ ਸਜਾਵਟੀ ਸਮੱਗਰੀ ਦੀ ਵਰਤੋਂ ਕਰਕੇ ਬਹੁਤ ਹੀ ਆਕਰਸ਼ਕ ਅਤੇ ਮਨਮੋਹਕ ਗ੍ਰੀਟਿੰਗ ਕਾਰਡ ਤਿਆਰ ਕੀਤੇ। ਬੱਚਿਆਂ ਨੇ ਆਪਣੀ ਕਲਪਨਾਸ਼ਕਤੀ ਦੀ ਵਰਤੋਂ ਕਰਦਿਆਂ ਕਾਰਡਾਂ ਨੂੰ ਸੁੰਦਰ ਢੰਗ ਨਾਲ ਸਜਾਇਆ ਅਤੇ ਰੰਗਾਂ ਤੇ ਕਲਾਤਮਕ ਡਿਜ਼ਾਈਨਾਂ ਰਾਹੀਂ ਦੀਵਾਲੀ ਦੀਆਂ ਖੁਸ਼ੀਆਂ ਨੂੰ ਪ੍ਰਗਟ ਕੀਤਾ। ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਕਾਰਡ ਉਨ੍ਹਾਂ ਦੀ ਮਿਹਨਤ, ਲਗਨ ਅਤੇ ਰਚਨਾਤਮਕਤਾ ਨੂੰ ਦਰਸਾ ਰਹੇ ਸਨ।



ਸਕੂਲ ਦੇ ਚੇਅਰਮੈਨ ਵਾਸੂ ਸ਼ਰਮਾ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੀ ਅੰਦਰੂਨੀ ਪ੍ਰਤਿਭਾ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਦੀਵਾਲੀ ਖੁਸ਼ੀਆਂ, ਆਪਸੀ ਪਿਆਰ ਅਤੇ ਭਾਈਚਾਰੇ ਦਾ ਤਿਉਹਾਰ ਹੈ। ਇਸ ਮੌਕੇ ਕਰਵਾਈਆਂ ਜਾਂਦੀਆਂ ਰਚਨਾਤਮਕ ਗਤੀਵਿਧੀਆਂ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ ਅਤੇ ਤਿਉਹਾਰਾਂ ਦੀ ਮਹੱਤਤਾ ਨਾਲ ਜੋੜਦੀਆਂ ਹਨ। ਇਸ ਦੇ ਨਾਲ ਹੀ ਬੱਚਿਆਂ ਵਿੱਚ ਆਪਣੀਆਂ ਭਾਵਨਾਵਾਂ ਨੂੰ ਕਲਾਤਮਕ ਢੰਗ ਨਾਲ ਪ੍ਰਗਟ ਕਰਨ ਦਾ ਆਤਮਵਿਸ਼ਵਾਸ ਵੀ ਪੈਦਾ ਹੁੰਦਾ ਹੈ। ਸਕੂਲ ਦੀ ਡਾਇਰੈਕਟਰ ਰਕਸ਼ੰਦਾ ਸ਼ਰਮਾ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਕਲਾ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲੈਣਾ ਵੀ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਗ੍ਰੀਟਿੰਗ ਕਾਰਡ ਬਣਾਉਣ ਵਰਗੀਆਂ ਗਤੀਵਿਧੀਆਂ ਬੱਚਿਆਂ ਦੀ ਕਲਪਨਾਸ਼ਕਤੀ, ਇਕਾਗਰਤਾ ਅਤੇ ਕਲਾਤਮਕ ਹੁਨਰ ਨੂੰ ਵਿਕਸਿਤ ਕਰਦੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਭਾਰਤੀ ਤਿਉਹਾਰਾਂ ਦੀ ਸੱਭਿਆਚਾਰਕ ਤੇ ਸਮਾਜਿਕ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਸਕੂਲ ਪ੍ਰਬੰਧਕਾਂ ਨੇ ਬੱਚਿਆਂ ਦੇ ਉਤਸ਼ਾਹ ਅਤੇ ਮਿਹਨਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਦੇ ਸ਼ਖ਼ਸੀਅਤ ਵਿਕਾਸ ਵਿੱਚ ਸਹਾਇਕ ਸਿੱਧ ਹੁੰਦੇ ਹਨ।

ਪੰਜਾਬੀ ਮਾਹ: ਮੋਹਾਲੀ ਜ਼ਿਲ੍ਹੇ ਦਾ ਆਨ ਲਾਈਨ ਬਾਲ ਕਵੀ ਦਰਬਾਰ ਆਯੋਜਿਤ, ਡੀਪੀਆਰਓ ਬਠਿੰਡਾ ਮੁੱਖ ਮਹਿਮਾਨ

ਵਰਲਡ ਪੰਜਾਬੀ ਟਾਈਮਜ਼



ਮੋਹਾਲੀ 2 ਨਵੰਬਰ : ਪੰਜਾਬੀ ਮਾਹ ਦੀ ਸ਼ੁਰੂਆਤ ਮੌਕੇ ਕੱਲ੍ਹ ਰਾਤ ਮੋਹਾਲੀ ਦੇ ਬਾਲ ਕਵੀਆਂ ਲਈ ਆਨਲਾਈਨ ਕਵੀ ਦਰਬਾਰ ਕਰਵਾਇਆ ਗਿਆ। ਪੰਜਾਬ ਭਵਨ, ਸਰੀ (ਕੈਨੇਡਾ) ਦੀ ਸਰਪ੍ਰਸਤੀ ਅਧੀਨ ਕਰਵਾਏ ਗਏ ਇਸ ਪ੍ਰੋਗਰਾਮ ਦੌਰਾਨ ਸਵੈਨ ਸਹੋਤਾ, ਰਾਧਿਕਾ, ਅੰਮ੍ਰਿਤ, ਜਸਮੀਨ, ਖੁਸ਼ਮੀਤ, ਸਹਿਜੋਤ, ਖ਼ੁਸ਼ਪ੍ਰੀਤ, ਰਾਧਾ, ਪਾਇਲ ਸ਼ਰਮਾ, ਗੁਰਸਹਿਜ, ਮਨਜੋਤ, ਅਮਨਪ੍ਰੀਤ, ਸਿਮਰਨਪ੍ਰੀਤ ਅਤੇ ਹਰਨੂਰ ਵਰਗੇ ਬਾਲ ਕਵੀਆਂ ਨੇ ਆਪਣੀਆਂ ਕਵਿਤਾਵਾਂ ਸੁਣਾਈਆਂ। ਸ਼ੁਰੂ ਵਿੱਚ ਪ੍ਰੋਗਰਾਮ ਕੋਆਰਡੀਨੇਟਰ ਲਖਵੀਰ ਕੌਰ ਨੇ ਬਾਲ ਕਵੀਆਂ ਦੀ ਹਾਜ਼ਰੀ ਲਵਾਈ।

ਪ੍ਰਾਜੈਕਟ ਦੇ ਜ਼ਿਲ੍ਹਾ ਮੋਹਾਲੀ ਪ੍ਰਧਾਨ ਡਾ. ਸੁਰਿੰਦਰ ਕੁਮਾਰ ਜਿੰਦਲ ਨੇ ਪੂਰੇ ਪ੍ਰੋਗਰਾਮ ਬਾਰੇ ਦੱਸਿਆ ਅਤੇ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਿਆ। ਡੀਪੀਆਰਓ ਬਠਿੰਡਾ ਸ੍ਰੀ ਮਤੀ ਮੇਘਾ ਮਾਨ ਇਸ ਕਵੀ ਦਰਬਾਰ ਦੇ ਮੁੱਖ ਮਹਿਮਾਨ ਸਨ। ਉਨ੍ਹਾਂ ਨੇ ਬੱਚਿਆਂ ਦੀ ਪੇਸ਼ਕਾਰੀ ਉੱਪਰ ਬੇਹੱਦ ਸੰਤੋਸ਼ ਜ਼ਾਹਿਰ ਕੀਤਾ ਤੇ ਕਿਹਾ ਕਿ ਅੱਜ ਬੱਚਿਆਂ ਨੂੰ ਸੁਣ ਕੇ ਉਹ ਮਹਿਸੂਸ ਕਰ ਰਹੇ ਹਨ ਕਿ ਇਹ ਬੱਚੇ ਪੰਜਾਬ ਅਤੇ ਪੰਜਾਬੀ ਸਾਹਿਤ ਦਾ ਅਸਲੀ ਭਵਿੱਖ ਹਨ। ਪ੍ਰਾਜੈਕਟ ਦੇ ਅੰਤਰਰਾਸ਼ਟਰੀ ਕੋਆਰਡੀਨੇਟਰ ਉਂਕਾਰ ਸਿੰਘ ਤੇਜੇ ਨੇ ਇਸ ਪ੍ਰਾਜੈਕਟ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸੰਸਾਰ ਦੇ ਚੌਦਾਂ ਮੁਲਕਾਂ ਵਿੱਚ ਸੋਲਾਂ ਹਜ਼ਾਰ ਤੋਂ ਜ਼ਿਆਦਾ ਬਾਲ ਲੇਖਕ ਇਸ ਮੁਹਿੰਮ ਨਾਲ ਜੁੜ ਚੁੱਕੇ ਹਨ ਅਤੇ ਮਾਂ ਬੋਲੀ ਪੰਜਾਬੀ ਨੂੰ ਸਮਰਪਿਤ ਹੋ ਕੇ ਕੰਮ ਕਰ ਰਹੇ ਹਨ। ਪ੍ਰਾਜੈਕਟ ਦੇ ਸਰਪ੍ਰਸਤ ਸੁੱਖੀ ਬਾਠ ਨੇ ਸਭ ਨੂੰ ਕਨੇਡਾ ਤੋਂ ਜੁੜ ਕੇ ਸਭ ਨੂੰ ਵਧਾਈ ਦਿੱਤੀ। ਬਲਜੀਤ ਸੇਖਾ ਮੋਗਾ, ਅਵਤਾਰ ਸਿੰਘ ਚੋਟੀਆਂ ਸੰਗਰੂਰ, ਬਲਰਾਜ ਸਿੰਘ ਬਠਿੰਡਾ, ਬਲਜੀਤ ਸ਼ਰਮਾ ਸੰਗਰੂਰ ਤੋਂ ਇਲਾਵਾ ਮੋਹਾਲੀ ਟੀਮ ਦੇ ਮੈਂਬਰਾਂ ਗੁਤਿੰਦਰ ਕੌਰ ਅਤੇ ਰਾਜਿੰਦਰ ਕੌਰ ਨੇ ਵੀ ਆਪਣੇ ਵਿਚਾਰ ਰੱਖੇ।

ਛੱਠ ਮਹਾਪੁਰਬ ਦੀਆਂ ਤਿਆਰੀਆਂ ਨੂੰ ਲੈ ਕੇ ਪ੍ਰਬੰਧਕਾਂ ਨੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਕੀਤੀ ਮੁਲਾਕਾਤ, ਮੰਤਰੀ ਨੇ ਦਿੱਤਾ ਪੂਰਨ ਸਹਿਯੋਗ ਦਾ ਭਰੋਸਾ

ਨਗਰ ਕੌਂਸਲ ਪ੍ਰਧਾਨ ਜਤਿੰਦਰ ਪਾਠਕ ਅਤੇ ਕੌਂਸਲਰ ਨਿਸ਼ੂ ਕਪਿਲਾ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਰਹੇ ਮੌਜੂਦ, ਸ਼ਰਧਾਲੂਆਂ ਦੀਆਂ ਸਹੂਲਤਾਂ ਨੂੰ ਲੈ ਕੇ ਹੋਈ ਚਰਚਾ

ਵਰਲਡ ਪੰਜਾਬੀ ਟਾਈਮਜ਼



ਖੰਨਾ, 2 ਨਵੰਬਰ:ਆਸਥਾ, ਸ਼ਰਧਾ ਅਤੇ ਸੂਰਜ ਉਪਾਸਨਾ ਦੇ ਮਹਾਪੁਰਬ ਛੱਠ ਪੂਜਾ ਨੂੰ ਲੈ ਕੇ ਖੰਨਾ ਵਿੱਚ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਇਸੇ ਸਬੰਧ ਵਿੱਚ ਛੱਠ ਮਹਾਪੁਰਬ ਦੇ ਪ੍ਰਬੰਧਕਾਂ ਨੇ ਕੈਬਨਿਟ ਮੰਤਰੀ ਅਤੇ ਵਿਧਾਨ ਸਭਾ ਹਲਕਾ ਖੰਨਾ ਦੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਛੱਠ ਪੂਜਾ ਦੇ ਪ੍ਰਬੰਧਾਂ, ਸ਼ਰਧਾਲੂਆਂ ਦੀਆਂ ਸਹੂਲਤਾਂ ਅਤੇ ਸਮਾਗਮ ਦੀਆਂ ਤਿਆਰੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਖੰਨਾ ਦੇ ਪ੍ਰਧਾਨ ਜਤਿੰਦਰ ਪਾਠਕ ਅਤੇ ਵਾਰਡ ਨੰਬਰ 26 ਦੇ ਕੌਂਸਲਰ ਨਿਸ਼ੂ ਕਪਿਲਾ ਵਿਸ਼ੇਸ਼ ਤੌਰ ’ਤੇ ਮੌਜੂਦ ਰਹੇ। ਉਨ੍ਹਾਂ ਨੇ ਸਮਾਗਮ ਨਾਲ ਜੁੜੀਆਂ ਤਿਆਰੀਆਂ ਅਤੇ ਪ੍ਰਬੰਧਾਂ ਸਬੰਧੀ ਮੰਤਰੀ ਸੌਂਧ ਨਾਲ ਵਿਚਾਰ ਸਾਂਝੇ ਕੀਤੇ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪ੍ਰਬੰਧਕਾਂ ਨੂੰ ਭਰੋਸਾ ਦਿੱਤਾ ਕਿ ਛੱਠ ਮਹਾਪੁਰਬ ਦੇ ਆਯੋਜਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ ਅਤੇ ਸ਼ਰਧਾਲੂਆਂ ਦੀਆਂ ਸਹੂਲਤਾਂ ਤੇ ਲੋੜੀਂਦੇ ਪ੍ਰਬੰਧਾਂ ਲਈ ਪੂਰਾ ਸਹਿਯੋਗ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਛੱਠ ਮਹਾਪੁਰਬ ਆਸਥਾ ਅਤੇ ਸੱਭਿਆਚਾਰ ਨਾਲ ਜੁੜਿਆ ਮਹੱਤਵਪੂਰਨ ਤਿਉਹਾਰ ਹੈ ਅਤੇ ਅਜਿਹੇ ਧਾਰਮਿਕ ਸਮਾਗਮਾਂ ਵਿੱਚ ਸਾਰਿਆਂ ਨੂੰ ਮਿਲ ਕੇ ਸਹਿਯੋਗ ਕਰਨਾ ਚਾਹੀਦਾ ਹੈ। ਮੀਟਿੰਗ ਵਿੱਚ ਸੋਨੂੰ, ਬੂਟਾ ਸਿੰਘ ਪ੍ਰਧਾਨ ਐੱਫ.ਸੀ.ਆਈ., ਜੋਗਿੰਦਰ ਪਾਸਵਾਨ, ਲਖਨ, ਦੇਵੀ ਚੰਦ, ਰਾਜੇਸ਼, ਹੀਰਾ ਲਾਲ, ਸ਼ੰਕਰ ਰਾਵਤ, ਸੋਨੂੰ, ਸੰਜੀਵ ਕੁਮਾਰ, ਦੀਪਕ, ਬੰਟੀ, ਜੈਕਸ਼ਨ, ਸ਼ਬੀਲਾ ਪਾਸਵਾਨ, ਉਪੇਂਦਰ ਯਾਦਵ, ਵੀਨੇ ਪਾਸਵਾਨ, ਉਪੇਂਦਰ ਪਾਸਵਾਨ, ਕ੍ਰਿਸ਼ਨਾ, ਨੰਬਰੀ ਸਮੇਤ ਵੱਡੀ ਗਿਣਤੀ ਵਿੱਚ ਹੋਰ ਮੈਂਬਰ ਮੌਜੂਦ ਰਹੇ। ਇਸ ਦੌਰਾਨ ਪ੍ਰਬੰਧਕਾਂ ਨੇ ਛੱਠ ਮਹਾਪੁਰਬ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਅਤੇ ਸ਼ਰਧਾਲੂਆਂ ਲਈ ਉਚਿਤ ਪ੍ਰਬੰਧ ਯਕੀਨੀ ਬਣਾਉਣ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਛੱਠ ਪੂਜਾ ਭਾਰਤੀ ਸੱਭਿਆਚਾਰ, ਲੋਕ ਆਸਥਾ ਅਤੇ ਕੁਦਰਤ ਪ੍ਰਤੀ ਸ਼ੁਕਰਾਨੇ ਦਾ ਪ੍ਰਤੀਕ ਹੈ, ਜਿਸ ਵਿੱਚ ਸ਼ਰਧਾਲੂ ਭਗਵਾਨ ਸੂਰਜ ਅਤੇ ਛੱਠੀ ਮਾਤਾ ਦੀ ਪੂਜਾ ਕਰਕੇ ਆਪਣੇ ਪਰਿਵਾਰ ਦੀ ਸੁੱਖ-ਸਮ੍ਰਿੱਧੀ ਅਤੇ ਖੁਸ਼ਹਾਲੀ ਦੀ ਕਾਮਨਾ ਕਰਦੇ ਹਨ।

ਪੀ.ਐੱਮ. ਸ਼੍ਰੀ ਸਰਕਾਰੀ ਸਕੂਲ ਘਨੌਰ ਜ਼ਿਲ੍ਹੇ ਦਾ ਪਹਿਲਾ ਸਰਕਾਰੀ ਸਕੂਲ ਬਣਿਆ, ਜਿਸ ਨੇ ਮੈਰੀਟੋਰੀਅਸ ਵਿਦਿਆਰਥੀਆਂ ਨੂੰ ਕਰਵਾਈ ਹਵਾਈ ਯਾਤਰਾ

50 ਹੋਣਹਾਰ ਵਿਦਿਆਰਥੀਆਂ ਨੇ ਦਿੱਲੀ ਤੋਂ ਦੇਹਰਾਦੂਨ ਤੱਕ ਜਹਾਜ਼ ਰਾਹੀਂ ਕੀਤਾ ਸਫ਼ਰ, ਜਿਮ ਕਾਰਬੇਟ ਅਤੇ ਨੈਨੀਤਾਲ ਦਾ ਵੀ ਕੀਤਾ ਦੌਰਾ।

ਵਰਲਡ ਪੰਜਾਬੀ ਟਾਈਮਜ਼



ਘਨੌਰ, 2 ਨਵੰਬਰ:ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਦੂਰਦਰਸ਼ੀ ਸੋਚ ਅਤੇ ਵਿਧਾਇਕ ਗੁਰਲਾਲ ਸਿੰਘ ਘਨੌਰ ਦੀ ਨੁਮਾਇੰਦਗੀ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਮਮਤਾ ਖੁਰਾਣਾ ਦੀ ਦੇਖ-ਰੇਖ ਹੇਠ ਪੀ.ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਨੌਰ ਨੇ ਇੱਕ ਵਿਲੱਖਣ ਪ੍ਰਾਪਤੀ ਹਾਸਲ ਕੀਤੀ ਹੈ। ਸਕੂਲ ਜ਼ਿਲ੍ਹੇ ਦਾ ਪਹਿਲਾ ਸਰਕਾਰੀ ਸਕੂਲ ਬਣ ਗਿਆ ਹੈ, ਜਿਸ ਨੇ ਆਪਣੇ 50 ਮੈਰੀਟੋਰੀਅਸ ਵਿਦਿਆਰਥੀਆਂ ਨੂੰ ਹਵਾਈ ਯਾਤਰਾ ਕਰਵਾਈ।

ਟੂਰ ਇੰਚਾਰਜ ਦੌਲਤ ਰਾਮ ਨੇ ਦੱਸਿਆ ਕਿ ਪੀ.ਐੱਮ. ਸ਼੍ਰੀ ਗ੍ਰਾਂਟ ਅਧੀਨ ਪ੍ਰਾਪਤ ਐਕਸਪੋਜ਼ਰ ਵਿਜ਼ਿਟ ਲਈ ਵਿਸ਼ੇਸ਼ ਗ੍ਰਾਂਟ ਤਹਿਤ ਛੇ ਦਿਨਾਂ ਦਾ ਵਿਦਿਅਕ ਟੂਰ ਕਰਵਾਇਆ ਗਿਆ। ਸਕੂਲ ਦੇ ਡੀ.ਡੀ.ਓ. ਰਾਜਵਿੰਦਰ ਦੀ ਅਗਵਾਈ ਹੇਠ ਸਕੂਲ ਮੈਨੇਜਮੈਂਟ ਕਮੇਟੀ ਨੇ ਦਿੱਲੀ, ਦੇਹਰਾਦੂਨ, ਜਿਮ ਕਾਰਬੇਟ ਨੈਸ਼ਨਲ ਪਾਰਕ ਅਤੇ ਨੈਨੀਤਾਲ ਦੀ ਯਾਤਰਾ ਨੂੰ ਮਨਜ਼ੂਰੀ ਦਿੱਤੀ। ਇਸ ਟੂਰ ਦੌਰਾਨ 41 ਲੜਕੀਆਂ ਅਤੇ 9 ਲੜਕਿਆਂ ਸਮੇਤ 50 ਵਿਦਿਆਰਥੀਆਂ ਨੇ ਦਿੱਲੀ ਤੋਂ ਦੇਹਰਾਦੂਨ ਤੱਕ ਹਵਾਈ ਸਫ਼ਰ ਕੀਤਾ। ਵਿਦਿਆਰਥੀਆਂ ਦੀ ਚੋਣ ਪਿਛਲੀ ਜਮਾਤ ਦੇ ਅੰਕਾਂ ਦੇ ਆਧਾਰ ’ਤੇ ਲੈਕਚਰਾਰ ਕਰਮਜੀਤ ਕੌਰ ਵੱਲੋਂ ਤਿਆਰ ਕੀਤੀ ਮੈਰਿਟ ਸੂਚੀ ਅਨੁਸਾਰ ਕੀਤੀ ਗਈ। ਯਾਤਰਾ ਦੌਰਾਨ ਵਿਦਿਆਰਥੀਆਂ ਨੇ ਦੇਹਰਾਦੂਨ ਵਿਖੇ ਰੌਬਰਜ਼ ਕੇਵ ਅਤੇ ਫੋਰੈਸਟ ਰਿਸਰਚ ਇੰਸਟੀਚਿਊਟ ਦੇ ਅਜਾਇਬ ਘਰਾਂ ਦਾ ਦੌਰਾ ਕੀਤਾ। ਇਸ ਤੋਂ ਇਲਾਵਾ ਜਿਮ ਕਾਰਬੇਟ ਨੈਸ਼ਨਲ ਪਾਰਕ ਵਿੱਚ ਜੀਪ ਸਫ਼ਾਰੀ ਦਾ ਆਨੰਦ ਮਾਣਿਆ ਅਤੇ ਰਾਮਨਗਰ ਵਿਖੇ ਹਨੂੰਮਾਨ ਧਾਮ ਦੇ ਦਰਸ਼ਨ ਕੀਤੇ। ਨੈਨੀਤਾਲ ਵਿਖੇ ਭੀਮਤਾਲ, ਨੌਕੁਚੀਆਤਾਲ ਅਤੇ ਨੈਨੀ ਝੀਲ ਵਿੱਚ ਬੋਟਿੰਗ ਸਮੇਤ ਵੱਖ-ਵੱਖ ਸੈਰ-ਸਪਾਟਾ ਸਥਾਨਾਂ ਦਾ ਆਨੰਦ ਲਿਆ।

ਟੂਰ ਦੀ ਅਗਵਾਈ ਸਕੂਲ ਇੰਚਾਰਜ ਗੁਰਸਰਨ ਕੌਰ ਅਤੇ ਲੈਕਚਰਾਰ ਦੌਲਤ ਰਾਮ ਨੇ ਕੀਤੀ। ਲੈਕਚਰਾਰ ਸੰਦੀਪ ਕੌਰ ਸੰਧੂ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਖਾਣ-ਪੀਣ ਅਤੇ ਰਿਹਾਇਸ਼ ਲਈ ਸਰਕਾਰੀ ਹਦਾਇਤਾਂ ਅਨੁਸਾਰ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਕੰਪਿਊਟਰ ਫੈਕਲਟੀ ਰਾਕੇਸ਼ ਕੁਮਾਰ ਅਤੇ ਮੈਡਮ ਰਿੰਪਲ ਨੇ ਸਹਾਇਕ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ। ਉਨ੍ਹਾਂ ਵਿਦਿਆਰਥੀਆਂ ਦੇ ਅਨੁਸ਼ਾਸਨ ਅਤੇ ਸਹਿਯੋਗੀ ਰਵੱਈਏ ਦੀ ਸ਼ਲਾਘਾ ਕੀਤੀ।

ਸਕੂਲ ਇੰਚਾਰਜ ਗੁਰਸਰਨ ਕੌਰ ਨੇ ਇਸ ਸਫ਼ਲ ਉਪਰਾਲੇ ਲਈ ਜ਼ਿਲ੍ਹਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ, ਪਟਿਆਲਾ, ਸਮੂਹ ਸਕੂਲ ਸਟਾਫ਼, ਸਕੂਲ ਮੈਨੇਜਮੈਂਟ ਕਮੇਟੀ, ਨਗਰ ਪੰਚਾਇਤ ਘਨੌਰ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਵਿਦਿਅਕ ਦੌਰੇ ਵਿਦਿਆਰਥੀਆਂ ਦੇ ਗਿਆਨ, ਆਤਮ-ਵਿਸ਼ਵਾਸ ਅਤੇ ਸ਼ਖ਼ਸੀਅਤ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਉਪਰਾਲਾ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਨਵੀਂ ਉਡਾਣ ਦੇਣ ਵਾਲਾ ਪ੍ਰੇਰਨਾਦਾਇਕ ਕਦਮ ਹੈ।

ਵਰਲਡ ਪੰਜਾਬੀ ਟਾਈਮਜ਼ 02 ਨਵੰਬਰ 2026 ਦਿਨ ਸੋਮਵਾਰ

ਥਾਪਰ ਇੰਸਟੀਚਿਊਟ ਦੇ 70 ਸਾਲ ਪੂਰੇ: ਪੰਜਾਬ ਦੇ ਰਾਜਪਾਲ ਵੱਲੋਂ ਕਨਵੋਕੇਸ਼ਨ 2026 ਦੌਰਾਨ 3,359 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ

ਗੁਲਾਬ ਚੰਦ ਕਟਾਰੀਆ ਨੇ ਪਹਿਲੇ ਦਿਨ ਵਿਦਿਆਰਥੀਆਂ ਨੂੰ ਮੈਡਲਾਂ ਨਾਲ ਕੀਤਾ ਸਨਮਾਨਿਤ

ਮਕੈਨੀਕਲ ਇੰਜੀਨੀਅਰਿੰਗ (1966 ਬੈਚ) ਦੇ ਵਿਨੋਦ ਕੇ. ਲੂਥਰਾ ਨੂੰ ਡਿਸਟਿੰਗਵਿਸ਼ਡ ਐਲੂਮਨੀ ਐਵਾਰਡ ਨਾਲ ਨਿਵਾਜਿਆ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 2 ਨਵੰਬਰ : ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਪਟਿਆਲਾ ਨੇ ਅੱਜ ਆਪਣੇ ਤਿੰਨ ਰੋਜ਼ਾ ਕਨਵੋਕੇਸ਼ਨ 2026 ਦੀ ਸ਼ੁਰੂਆਤ ਕੀਤੀ। ਇਸ ਸਾਲ ਸੰਸਥਾ ਆਪਣੀ ਸਥਾਪਨਾ ਦੇ 70 ਸਾਲ ਪੂਰੇ ਕਰ ਰਹੀ ਹੈ। ਇਸ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

2 ਤੋਂ 4 ਨਵੰਬਰ ਤੱਕ ਚੱਲਣ ਵਾਲੇ ਇਸ ਕਨਵੋਕੇਸ਼ਨ ਦੌਰਾਨ ਕੁੱਲ 3,359 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਜਾਣਗੀਆਂ। ਪਹਿਲਾ ਦਿਨ ਪੀਐਚ.ਡੀ. ਡਿਗਰੀਆਂ ਅਤੇ ਮੈਡਲਾਂ ਨੂੰ ਸਮਰਪਿਤ ਰਿਹਾ।

ਰਾਜਪਾਲ ਸ੍ਰੀ ਕਟਾਰੀਆ ਦਾ ਸਵਾਗਤ ਚਾਂਸਲਰ ਡਾ. ਆਰ. ਆਰ. ਵੇਦਰਾਹ ਨੇ ਕੀਤਾ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. ਪਦਮਕੁਮਾਰ ਨਾਇਰ, ਪ੍ਰੋ ਵਾਈਸ ਚਾਂਸਲਰ ਪ੍ਰੋ. ਅਜੈ ਬਤਿਸ਼ ਅਤੇ ਐਗਜ਼ੀਕਿਊਟਿਵ ਕੌਂਸਲ ਦੇ ਮੈਂਬਰ ਡਾ. ਏ. ਸਿਵਾਥਾਨੂ ਪਿੱਲਈ ਵੀ ਮੰਚ ‘ਤੇ ਮੌਜੂਦ ਸਨ।

ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਪੀਐਚ.ਡੀ. ਖੋਜਾਰਥੀਆਂ ਨੂੰ ਡਿਗਰੀਆਂ ਅਤੇ ਵੱਖ-ਵੱਖ ਪ੍ਰੋਗਰਾਮਾਂ ਦੇ ਮੈਡਲ ਜੇਤੂਆਂ ਨੂੰ ਮੈਡਲ ਪ੍ਰਦਾਨ ਕੀਤੇ। ਮੈਡਲ ਜੇਤੂਆਂ ਵਿੱਚ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਦੀ ਭਵਿਆ ਗੇਰਾ ਨੇ 10.00 ਸੀਜੀਪੀਏ ਹਾਸਲ ਕਰਦਿਆਂ ਪ੍ਰੈਜ਼ੀਡੈਂਟ ਮੈਡਲ ਅਤੇ ਪ੍ਰੋ. ਵੀ. ਰਾਜਾਰਾਮਨ ਕੰਪਿਊਟਰ ਸਾਇੰਸ/ਇੰਜੀਨੀਅਰਿੰਗ ਐਵਾਰਡ ਪ੍ਰਾਪਤ ਕੀਤਾ। ਗਵਰਨਰ ਮੈਡਲ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ (ਡੇਰਾਬੱਸੀ ਕੈਂਪਸ) ਦੀ ਕਾਤਿਆਯਨੀ ਝਾਅ, ਐਮ.ਸੀ.ਏ. ਦੀ ਸਾਕਸ਼ੀ ਬਾਲਾਸੋ ਜਾਧਵ ਅਤੇ ਐਮ.ਬੀ.ਏ. ਦੀ ਵੰਸ਼ਿਤਾ ਨੂੰ ਪ੍ਰਦਾਨ ਕੀਤੇ ਗਏ। ਛੇ ਮੈਡਲ ਜੇਤੂਆਂ ਨੇ 10.00 ਦਾ ਸੰਪੂਰਨ ਸੀਜੀਪੀਏ ਹਾਸਲ ਕੀਤਾ।

ਇਸ ਮੌਕੇ ਸੰਸਥਾ ਵੱਲੋਂ ਮਕੈਨੀਕਲ ਇੰਜੀਨੀਅਰਿੰਗ ਦੇ 1966 ਬੈਚ ਦੇ ਵਿਦਿਆਰਥੀ ਸ੍ਰੀ ਵਿਨੋਦ ਕੇ. ਲੂਥਰਾ ਨੂੰ ਡਿਸਟਿੰਗਵਿਸ਼ਡ ਐਲੂਮਨੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਉਹ ਸਾਲ 1981 ਵਿੱਚ ਅਪਸਟੇਟ ਨਿਊਯਾਰਕ ਵਿੱਚ ਬੈਰਿੰਗਟਨ ਰੈਜ਼ੀਡੈਂਸ਼ੀਅਲ ਨਾਮਕ ਮਲਟੀਫੈਮਿਲੀ ਹਾਊਸਿੰਗ ਉੱਦਮ ਦੇ ਸੰਸਥਾਪਕ ਹਨ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਜ਼ਿੰਦਗੀ ਦੀ ਕਿਸੇ ਵੀ ਲੜਾਈ ਨੂੰ ਜਿੱਤਣ ਦਾ ਇੱਕੋ-ਇੱਕ ਸਾਧਨ ਸਾਡਾ ਮਨ ਅਤੇ ਸਾਡੀ ਸਿੱਖਿਆ ਹੈ। ਜੇਕਰ ਅਸੀਂ ਆਪਣੀ ਬੁੱਧੀ ਅਤੇ ਸਿੱਖਿਆ ਦੀ ਸਹੀ ਦਿਸ਼ਾ ਵਿੱਚ ਵਰਤੋਂ ਕਰੀਏ ਤਾਂ ਇਹੀ ਅਸਲ ਸਫਲਤਾ ਹੈ। ਉਨ੍ਹਾਂ ਕਿਹਾ ਕਿ ਕਿਸੇ ਸੰਸਥਾ ਦੀ ਅਸਲ ਮਹੱਤਤਾ ਇਸ ਗੱਲ ਵਿੱਚ ਹੈ ਕਿ ਉਹ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਯੋਗ ਬਣਾਏ। ਜਦੋਂ ਵਿਦਿਆਰਥੀ ਇਨ੍ਹਾਂ ਚੁਣੌਤੀਆਂ ਵਿੱਚੋਂ ਸਫਲਤਾਪੂਰਵਕ ਨਿਕਲਦੇ ਹਨ ਤਾਂ ਇਹ ਦ੍ਰਿੜ੍ਹਤਾ ਉਨ੍ਹਾਂ ਦੀ ਵਿਲੱਖਣ ਤਾਕਤ ਬਣ ਜਾਂਦੀ ਹੈ। ਇਹੀ ਉਨ੍ਹਾਂ ਦੀ ਖਾਸ ਪਛਾਣ ਹੈ ਅਤੇ ਇਸ ਨੂੰ ਹਮੇਸ਼ਾ ਆਪਣੇ ਨਾਲ ਸੰਭਾਲ ਕੇ ਰੱਖਣਾ ਚਾਹੀਦਾ ਹੈ।

ਥਾਪਰ ਇੰਸਟੀਚਿਊਟ ਦੇ ਚਾਂਸਲਰ ਡਾ. ਆਰ. ਆਰ. ਵੇਦਰਾਹ ਨੇ ਕਿਹਾ ਕਿ ਜ਼ਿੰਦਗੀ 100 ਮੀਟਰ ਦੀ ਦੌੜ ਨਹੀਂ, ਸਗੋਂ ਇੱਕ ਮੈਰਾਥਨ ਹੈ। ਇਸ ਗੱਲ ਦੀ ਚਿੰਤਾ ਨਾ ਕਰੋ ਕਿ 100 ਮੀਟਰ ‘ਤੇ ਤੁਹਾਡੇ ਤੋਂ ਅੱਗੇ ਕੌਣ ਹੈ, ਸਗੋਂ ਅੰਤ ਤੱਕ ਪਹੁੰਚਣ ਵਾਲਾ ਹੀ ਜੇਤੂ ਹੁੰਦਾ ਹੈ। ਤੁਹਾਡੀ ਡਿਗਰੀ ਦੁਨੀਆ ਨੂੰ ਦੱਸਦੀ ਹੈ ਕਿ ਤੁਸੀਂ ਹੁਣ ਤੱਕ ਕੀ ਸਿੱਖਿਆ ਹੈ, ਪਰ ਇਸ ਨੂੰ ਕਦੇ ਵੀ ਅੱਗੇ ਸਿੱਖਣ ਦੀ ਇੱਛਾ ਦੀ ਹੱਦ ਨਾ ਬਣਨ ਦਿਓ। ਇੱਕ ਬਿਹਤਰ ਜ਼ਿੰਦਗੀ ਬਣਾਉਣ ਵਿੱਚ ਇੰਨੇ ਰੁੱਝੇ ਨਾ ਹੋ ਜਾਓ ਕਿ ਚੰਗੀ ਜ਼ਿੰਦਗੀ ਜਿਊਣਾ ਹੀ ਭੁੱਲ ਜਾਓ।

ਵਾਈਸ ਚਾਂਸਲਰ ਪ੍ਰੋ. ਪਦਮਕੁਮਾਰ ਨਾਇਰ ਨੇ ਕਿਹਾ ਕਿ ਤੁਹਾਡੀ ਬਾਜ਼ਾਰ ਵਿੱਚ ਕੀਮਤ ਤੁਹਾਡੀ ਮਨੁੱਖੀ ਕੀਮਤ ਨਹੀਂ ਹੈ ਅਤੇ ਨਾ ਹੀ ਪੇਸ਼ੇਵਰ ਸਫਲਤਾ ਹੀ ਅਰਥਪੂਰਨ ਜੀਵਨ ਦਾ ਅੰਤਿਮ ਮਾਪਦੰਡ ਹੈ। ਕਰੀਅਰ ਸਿਰਫ਼ ਇੱਕ ਪੌੜੀ ਨਹੀਂ ਹੈ ਜਿਸ ‘ਤੇ ਚੜ੍ਹਨਾ ਹੈ, ਸਗੋਂ ਇਹ ਇੱਕ ਅਜਿਹੀ ਬਣਤਰ ਹੈ ਜਿਸ ਨੂੰ ਅਸੀਂ ਖੁਦ ਤਿਆਰ ਕਰਦੇ ਹਾਂ, ਬਣਾਉਂਦੇ ਹਾਂ, ਸਮੇਂ-ਸਮੇਂ ‘ਤੇ ਸੋਧਦੇ ਹਾਂ ਅਤੇ ਕਈ ਵਾਰ ਇਸ ਦੇ ਕੁਝ ਹਿੱਸਿਆਂ ਨੂੰ ਦੁਬਾਰਾ ਬਣਾਉਂਦੇ ਹਾਂ। ਇਹੀ ਮਹੱਤਵਾਕਾਂਖਾ ਦੀ ਅਸਲ ਬਣਤਰ ਹੈ। ਦੁਨੀਆ ਵਿੱਚ ਸਭ ਤੋਂ ਮਹੱਤਵਪੂਰਨ ਜ਼ਿੰਮੇਵਾਰੀ ਇੱਕ ਚੰਗਾ ਇਨਸਾਨ ਬਣਨਾ ਹੈ।

ਸ੍ਰੀ ਵਿਨੋਦ ਕੇ. ਲੂਥਰਾ ਨੇ ਕਿਹਾ ਕਿ ਉਨ੍ਹਾਂ ਨੇ 1966 ਵਿੱਚ ਗ੍ਰੈਜੂਏਸ਼ਨ ਕੀਤੀ ਸੀ ਅਤੇ 60 ਸਾਲਾਂ ਬਾਅਦ ਇਸ ਸਨਮਾਨ ਨੂੰ ਪ੍ਰਾਪਤ ਕਰਨ ਲਈ ਮੁੜ ਕੈਂਪਸ ਵਿੱਚ ਆਉਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਨੇ 1981 ਵਿੱਚ ਆਪਣਾ ਸਫ਼ਰ ਸ਼ੁਰੂ ਕੀਤਾ ਸੀ ਤਾਂ ਉਨ੍ਹਾਂ ਕੋਲ ਕੋਈ ਵੱਡੀ ਯੋਜਨਾ ਨਹੀਂ ਸੀ। ਉਨ੍ਹਾਂ ਸਿਰਫ਼ ਮਿਹਨਤ ਕੀਤੀ, ਰਸਤੇ ਵਿੱਚ ਸਿੱਖਦੇ ਰਹੇ ਅਤੇ ਇੱਕ-ਇੱਕ ਕਦਮ ਅੱਗੇ ਵਧਦੇ ਗਏ। ਅੱਜ ਉਨ੍ਹਾਂ ਦੇ ਇਸ ਸਫ਼ਰ ਰਾਹੀਂ 10,000 ਪਰਿਵਾਰਾਂ ਨੂੰ ਰਿਹਾਇਸ਼ ਦੀ ਸਹੂਲਤ ਮਿਲ ਰਹੀ ਹੈ। ਇਸ ਕੈਂਪਸ ਨੇ ਉਨ੍ਹਾਂ ਨੂੰ ਉਹ ਮਜ਼ਬੂਤ ਨੀਂਹ ਪ੍ਰਦਾਨ ਕੀਤੀ ਜੋ ਪਿਛਲੇ 60 ਸਾਲਾਂ ਤੋਂ ਉਨ੍ਹਾਂ ਦੇ ਨਾਲ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਣਾ ਕਦੇ ਨਾ ਛੱਡੋ, ਕਿਉਂਕਿ ਸਿੱਖਿਆ ਡਿਗਰੀ ਪ੍ਰਾਪਤ ਕਰਨ ਨਾਲ ਖ਼ਤਮ ਨਹੀਂ ਹੁੰਦੀ, ਸਗੋਂ ਇਹ ਜੀਵਨ ਭਰ ਦੀ ਜ਼ਿੰਮੇਵਾਰੀ ਬਣ ਜਾਂਦੀ ਹੈ।

29 ਅਕਤੂਬਰ, 2026 ਤੱਕ ਦੇ ਅੰਕੜਿਆਂ ਅਨੁਸਾਰ, ਡਿਗਰੀ ਪ੍ਰਾਪਤ ਕਰਨ ਵਾਲੇ 3,359 ਵਿਦਿਆਰਥੀਆਂ ਵਿੱਚ 2,507 ਬੀ.ਈ. ਅਤੇ ਬੀ.ਟੈਕ., 225 ਐਮ.ਈ. ਅਤੇ ਐਮ.ਟੈਕ., 194 ਐਮ.ਬੀ.ਏ., 116 ਐਮ.ਸੀ.ਏ., 89 ਐਮ.ਐਸ.ਸੀ. ਅਤੇ 88 ਡਾਕਟਰੇਟ ਦੇ ਵਿਦਿਆਰਥੀ ਸ਼ਾਮਲ ਹਨ। ਇਸ ਤੋਂ ਇਲਾਵਾ ਲਿਬਰਲ ਆਰਟਸ ਅਤੇ ਸਾਇੰਸ ਪ੍ਰੋਗਰਾਮਾਂ (ਐਮ.ਏ., ਬੀ.ਏ., ਬੀ.ਬੀ.ਏ. ਅਤੇ ਬੀ.ਐਸ.ਸੀ.) ਦੇ 140 ਵਿਦਿਆਰਥੀ ਵੀ ਡਿਗਰੀਆਂ ਪ੍ਰਾਪਤ ਕਰਨਗੇ।

ਸੰਸਥਾ ਦੇ ਬੁਲਾਰੇ ਨੇ ਦੱਸਿਆ ਕਿ ਬਾਕੀ ਰਹਿੰਦੇ ਪ੍ਰੋਗਰਾਮਾਂ ਦੀਆਂ ਡਿਗਰੀਆਂ 3 ਅਤੇ 4 ਨਵੰਬਰ ਨੂੰ ਹੋਣ ਵਾਲੇ ਸਮਾਗਮਾਂ ਦੌਰਾਨ ਪ੍ਰਦਾਨ ਕੀਤੀਆਂ ਜਾਣਗੀਆਂ।

ਫ਼ਰੀਦਕੋਟ ਦੇ ਹਰ ਬਾਜ਼ਾਰ, ਹਰ ਦੁਕਾਨਦਾਰ ਤੱਕ ਪਹੁੰਚ ਰਹੀਆਂ ਵਿਸ਼ੇਸ਼ ਟੀਮਾਂ

ਵਪਾਰੀਆਂ ਦੀਆਂ ਸਮੱਸਿਆਵਾਂ ਸੁਣਨ ਦੇ ਨਾਲ-ਨਾਲ ਉਨ੍ਹਾਂ ਦੇ ਹੱਲ ਲਈ ਵੀ ਹੋਵੇਗੀ ਲਗਾਤਾਰ ਪੈਰਵੀ : ਅਰਸ਼ ਸੱਚਰ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 2 ਨਵੰਬਰ : ਆਮ ਆਦਮੀ ਪਾਰਟੀ ਪੰਜਾਬ ਦੇ ਵਪਾਰ ਵਿੰਗ ਦੇ ਸੂਬਾ ਮੀਤ ਪ੍ਰਧਾਨ ਅਤੇ ਸੀਨੀਅਰ ਆਗੂ ਅਰਸ਼ ਸੱਚਰ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਫ਼ਰੀਦਕੋਟ ਦੇ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਸ਼ੇਸ਼ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ। ਇਸ ਤਹਿਤ ਵਪਾਰ ਵਿੰਗ ਦੀਆਂ ਟੀਮਾਂ ਵੱਖ-ਵੱਖ ਬਾਜ਼ਾਰਾਂ ਵਿੱਚ ਪਹੁੰਚ ਕੇ ਦੁਕਾਨਦਾਰਾਂ ਨਾਲ ਸਿੱਧਾ ਰਾਬਤਾ ਕਰ ਰਹੀਆਂ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਸੁਝਾਅ ਇਕੱਠੇ ਕਰ ਰਹੀਆਂ ਹਨ। ਅਰਸ਼ ਸੱਚਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਮੇਨ ਬਾਜ਼ਾਰ, ਠੰਡੀ ਸੜਕ, ਡੋਗਰ ਬਸਤੀ, ਸਰਕੂਲਰ ਰੋਡ, ਪੁਰਾਣੀ ਦਾਣਾ ਮੰਡੀ, ਪੁਰਾਣੀ ਜੇਲ੍ਹ ਰੋਡ, ਸਰਾਫ਼ਾਂ ਬਾਜ਼ਾਰ, ਜਤਿੰਦਰ ਚੌਂਕ, ਲਾਈਨ ਬਾਜ਼ਾਰ, ਨਹਿਰੂ ਸ਼ਾਪਿੰਗ ਸੈਂਟਰ, ਗਿਆਨੀ ਜ਼ੈਲ ਸਿੰਘ ਮਾਰਕੀਟ, ਕੇ-2 ਮਾਰਕੀਟ, ਭਗਤ ਸਿੰਘ ਪਾਰਕ ਮਾਰਕੀਟ, ਕਾਲਟੈਕਸ ਪੰਪ ਮਾਰਕੀਟ, ਬਲਬੀਰ ਬਸਤੀ ਮਾਰਕੀਟ ਅਤੇ ਬਾਜ਼ੀਗਰ ਬਸਤੀ ਮਾਰਕੀਟ ਸਮੇਤ ਸ਼ਹਿਰ ਦੇ ਪ੍ਰਮੁੱਖ ਵਪਾਰਕ ਖੇਤਰਾਂ ਨੂੰ ਕਵਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੁਕਾਨਦਾਰਾਂ ਵੱਲੋਂ ਬਿਜਲੀ, ਸੀਵਰੇਜ, ਸਫ਼ਾਈ, ਸੜਕਾਂ, ਸਟਰੀਟ ਲਾਈਟਾਂ, ਪਾਰਕਿੰਗ, ਸੁਰੱਖਿਆ ਅਤੇ ਵਪਾਰ ਨਾਲ ਸਬੰਧਤ ਹੋਰ ਮੁੱਦਿਆਂ ਬਾਰੇ ਦਿੱਤੇ ਜਾਣ ਵਾਲੇ ਸੁਝਾਵਾਂ ਅਤੇ ਸ਼ਿਕਾਇਤਾਂ ਨੂੰ ਇਕੱਠਾ ਕਰਕੇ ਸਬੰਧਤ ਸਰਕਾਰੀ ਵਿਭਾਗਾਂ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ। ਇਨ੍ਹਾਂ ਦੇ ਸਮੇਂ ਸਿਰ ਹੱਲ ਲਈ ਅਧਿਕਾਰੀਆਂ ਨਾਲ ਲਗਾਤਾਰ ਤਾਲਮੇਲ ਅਤੇ ਪੈਰਵੀ ਕੀਤੀ ਜਾਵੇਗੀ। ਅਰਸ਼ ਸੱਚਰ ਨੇ ਕਿਹਾ, “ਵਪਾਰੀ ਸਾਡੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ। ਸਾਡਾ ਮਕਸਦ ਸਿਰਫ਼ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਸੁਣਨਾ ਨਹੀਂ, ਸਗੋਂ ਉਨ੍ਹਾਂ ਦੇ ਹੱਲ ਲਈ ਠੋਸ ਯਤਨ ਕਰਨਾ ਹੈ। ਹਰ ਛੋਟੇ-ਵੱਡੇ ਦੁਕਾਨਦਾਰ ਦੀ ਆਵਾਜ਼ ਨੂੰ ਬਣਦਾ ਮਹੱਤਵ ਦਿੱਤਾ ਜਾਵੇਗਾ।” ਉਨ੍ਹਾਂ ਅੱਗੇ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਜੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰ ਅਤੇ ਉਦਯੋਗ ਲਈ ਸੁਖਾਵਾਂ ਮਾਹੌਲ ਸਿਰਜਣ ਵੱਲ ਕੰਮ ਕਰ ਰਹੀ ਹੈ। ਇਸੇ ਦਿਸ਼ਾ ਵਿੱਚ ਵਪਾਰ ਵਿੰਗ ਵੱਲੋਂ ਜ਼ਮੀਨੀ ਪੱਧਰ ‘ਤੇ ਵਪਾਰੀਆਂ ਨਾਲ ਸੰਪਰਕ ਮਜ਼ਬੂਤ ਕਰਨ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਬੰਧਤ ਵਿਭਾਗਾਂ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾ ਰਹੇ ਹਨ। ਅਰਸ਼ ਸੱਚਰ ਨੇ ਕਿਹਾ ਕਿ ਇਹ ਮੁਹਿੰਮ ਸਿਰਫ਼ ਸ਼ਹਿਰ ਦੇ ਬਾਜ਼ਾਰਾਂ ਤੱਕ ਸੀਮਤ ਨਹੀਂ ਰਹੇਗੀ, ਸਗੋਂ ਵਿਧਾਨ ਸਭਾ ਹਲਕਾ ਫ਼ਰੀਦਕੋਟ ਦੇ ਪਿੰਡਾਂ ਅਤੇ ਵਾਰਡਾਂ ਦੇ ਦੁਕਾਨਦਾਰਾਂ ਤੱਕ ਵੀ ਪਹੁੰਚ ਕੀਤੀ ਜਾਵੇਗੀ।

ਲੋਕ ਕਲਾਵਾਂ ਦੇ ਰੰਗ ਵਿੱਚ ਰੰਗਿਆ ਗਿਆ ਪੀ.ਏ.ਯੂ ਦੇ ਯੁਵਕ ਮੇਲੇ ਦਾ ਤੀਜਾ ਦਿਨ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 2 ਨਵੰਬਰ : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਵਿਖੇ ਚੱਲ ਰਹੇ ਅੰਤਰ-ਕਾਲਜ ਯੁਵਕ ਮੇਲੇ ਦੇ ਤੀਜੇ ਦਿਨ ਵਿਦਿਆਰਥੀਆਂ ਨੇ ਪੰਜਾਬ ਦੀਆਂ ਲੋਕ ਕਲਾਵਾਂ ਨਾਲ ਸਬੰਧਿਤ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਯੁਵਕ ਮੇਲੇ ਦੇ ਤੀਜੇ ਦਿਨ ਈਨੂੰ ਬੁਣਨਾ, ਨਾਲਾ ਬੁਣਨਾ, ਛਿੱਕੂ, ਮਿੱਟੀ ਦੇ ਖਿਡੌਣੇ, ਪੀੜ੍ਹੀ, ਕਰੋਸ਼ੀਆ ਬੁਣਤੀ, ਕਵੀਸ਼ਰੀ ਅਤੇ ਮੁਹਾਵਰੇਦਾਰ ਵਾਰਤਾਲਾਪ ਵੰਨਗੀਆਂ ਦੇ ਮੁਕਾਬਲੇ ਕਰਵਾਏ ਗਏ।

ਯੁਵਕ ਮੇਲੇ ਦੇ ਤੀਜੇ ਦਿਨ ਦੇ ਪਹਿਲੇ ਸ਼ੈਸ਼ਨ ਵਿੱਚ ਡਾ. ਕਿਰਨ ਬੈਂਸ, ਡੀਨ ਕਾਲਜ ਆਫ ਕਮਿਊਨਿਟੀ ਸਾਇੰਸ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਯੁਵਕ ਮੇਲੇ ਵਿੱਚ ਵੱਖ-ਵੱਖ ਵੰਨਗੀਆਂ ਵਿੱਚ ਹਿੱਸਾ ਲੈ ਰਹੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਇਹ ਮੇਲਾ ਵਿਦਿਆਰਥੀਆਂ ਨੂੰ ਆਪਣੀਆਂ ਕਲਾਤਮਕ, ਸਾਹਿਤਕ ਅਤੇ ਸੱਭਿਆਚਾਰਕ ਰੁਚੀਆਂ ਦੇ ਪ੍ਰਗਟਾਵੇ ਲਈ ਮੰਚ ਪ੍ਰਦਾਨ ਕਰਨ ਦੇ ਨਾਲ-ਨਾਲ ਪੰਜਾਬ ਦੀ ਅਮੀਰ ਲੋਕ ਵਿਰਾਸਤ ਨਾਲ ਜੋੜਦਾ ਹੈ।



ਸ਼ਾਮ ਦੇ ਸ਼ੈਸ਼ਨ ਦੇ ਮੁੱਖ ਮਹਿਮਾਨ ਡਾ. ਚਰਨਜੀਤ ਸਿੰਘ ਔਲਖ, ਡੀਨ ਖੇਤੀਬਾੜੀ ਕਾਲਜ ਨੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਮੁਕਾਬਲਿਆਂ ਵਿੱਚ ਦਿਖਾਏ ਜਾ ਰਹੇ ਉਤਸ਼ਾਹ ਅਤੇ ਸਿਰਜਣਾਤਮਕਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਵੱਲੋਂ ਇਨ੍ਹਾਂ ਲੋਕ ਕਲਾਵਾਂ ਨੂੰ ਸਿੱਖਣਾ ਅਤੇ ਮੰਚ ‘ਤੇ ਪੇਸ਼ ਕਰਨਾ ਸਾਡੀਆਂ ਰਵਾਇਤਾਂ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਸਾਰਥਕ ਉਪਰਾਲਾ ਹੈ।

ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਕਿਹਾ ਕਿ ਯੁਵਕ ਮੇਲੇ ਸਿਰਫ਼ ਮੁਕਾਬਲਿਆਂ ਦਾ ਮੰਚ ਨਹੀਂ, ਸਗੋਂ ਵਿਦਿਆਰਥੀਆਂ ਨੂੰ ਆਪਣੀ ਪਛਾਣ ਬਣਾਉਣ, ਦੂਜਿਆਂ ਦੀ ਪ੍ਰਤਿਭਾ ਤੋਂ ਸਿੱਖਣ ਅਤੇ ਨਵੇਂ ਤਜਰਬੇ ਹਾਸਲ ਕਰਨ ਦਾ ਮੌਕਾ ਵੀ ਹਨ। ਅਜਿਹੇ ਸਮਾਗਮ ਯੂਨੀਵਰਸਿਟੀ ਜੀਵਨ ਨੂੰ ਯਾਦਗਾਰੀ ਬਣਾਉਣ ਦੇ ਨਾਲ ਵਿਦਿਆਰਥੀਆਂ ਵਿੱਚ ਸਾਂਝ ਅਤੇ ਸਹਿਯੋਗ ਦੀ ਭਾਵਨਾ ਵੀ ਪੈਦਾ ਕਰਦੇ ਹਨ।


ਡਾ. ਰੁਪਿੰਦਰ ਕੌਰ, ਐਸੋਸੀਏਟ ਡਾਇਰੈਕਟਰ (ਸੱਭਿਆਚਾਰ), ਗੁਰਪ੍ਰੀਤ ਸਿੰਘ ਵਿਰਕ, ਵੈਲਫੇਅਰ ਅਫ਼ਸਰ ਅਤੇ ਸਤਵੀਰ ਸਿੰਘ, ਰਜਿਸਟਰਿੰਗ ਅਫਸਰ, ਨੇ ਦੱਸਿਆ ਕਿ ਮੁਕਾਬਲਿਆਂ ਵਿੱਚ ਵਿਦਿਆਰਥੀ ਪੂਰੇ ਉਤਸ਼ਾਹ ਨਾਲ ਭਾਗ ਲੈ ਰਹੇ ਹਨ। ਯੁਵਕ ਮੇਲੇ ਵਿੱਚ ਵਿਦਿਆਰਥੀਆਂ ਨੂੰ ਆਪਣੀ ਕਲਾ, ਸਿਰਜਣਾਤਮਕਤਾ ਅਤੇ ਸੱਭਿਆਚਾਰਕ ਪ੍ਰਤਿਭਾ ਦਿਖਾਉਣ ਦੇ ਭਰਪੂਰ ਮੌਕੇ ਮਿਲ ਰਹੇ ਹਨ।

ਯੁਵਕ ਮੇਲੇ ਦੇ ਦੂਜੇ ਦਿਨ ਹੋਏ ਕਾਰਟੂਨਿੰਗ ਦੇ ਮੁਕਾਬਲੇ ਵਿੱਚ ਨਵਿਆ (ਬੇਸਿਕ ਸਾਇੰਗ ਕਾਲਜ) ਨੇ ਪਹਿਲਾ ਸਥਾਨ, ਹਰਸਿਮਰ ਕੌਰ (ਕਮਿਊਨਿਟੀ ਸਾਇੰਸ ਕਾਲਜ) ਨੇ ਦੂਜਾ ਸਥਾਨ ਅਤੇ ਗੁਰਲੀਨ ਕੌਰ ਰੰਧਾਵਾ (ਕਮਿਊਨਿਟੀ ਸਾਇੰਸ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ। ਫੋਟੋਗ੍ਰਾਫੀ ਮੁਕਾਬਲੇ ਵਿੱਚ ਡੈਨੀਅਲ ਖੰਨਾ (ਖੇਤੀ ਇੰਜਨੀਅਰਿੰਗ ਕਾਲਜ) ਨੇ ਪਹਿਲਾ ਸਥਾਨ, ਮੀਨਲ ਗੋਇਲ (ਕਮਿਊਨਿਟੀ ਸਾਇੰਸ ਕਾਲਜ) ਨੇ ਦੂਜਾ ਸਥਾਨ ਅਤੇ ਸਾਕਸ਼ੀ ਰਾਜ (ਖੇਤੀ ਇੰਜਨੀਅਰਿੰਗ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ। ਕੈਲੀਗ੍ਰਾਫੀ (ਅੰਗਰੇਜ਼ੀ) ਵਿੱਚ ਜੈਸਮੀਨ ਕੌਰ (ਬਾਗਬਾਨੀ ਕਾਲਜ) ਨੇ ਪਹਿਲਾ ਸਥਾਨ, ਮਿਜ਼ਾਨ ਅਹਿਮਦ (ਖੇਤੀਬਾੜੀ ਕਾਲਜ) ਅਤੇ ਸਨੇਹਾ (ਖੇਤੀ ਇੰਜਨੀਅਰਿੰਗ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ।

ਕੈਲੀਗ੍ਰਾਫੀ (ਪੰਜਾਬੀ) ਵਿੱਚ ਜਗਮੀਤ ਸਿੰਘ (ਖੇਤੀਬਾੜੀ ਕਾਲਜ) ਨੇ ਪਹਿਲਾ ਸਥਾਨ, ਖੁਸ਼ਪ੍ਰੀਤ ਕੌਰ, (ਬਾਗਬਾਨੀ ਕਾਲਜ) ਨੇ ਦੂਜਾ ਸਥਾਨ ਅਤੇ ਗੌਰਬ ਸਿੰਘ (ਬੇਸਿਕ ਸਾਇੰਸ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ। ਕੈਲੀਗ੍ਰਾਫੀ (ਹਿੰਦੀ) ਵਿੱਚ ਸੁਪਨਪ੍ਰੀਤ ਕੌਰ (ਬਾਗਬਾਨੀ ਕਾਲਜ) ਨੇ ਪਹਿਲਾ ਸਥਾਨ, ਭੂਮੀ (ਖੇਤੀਬਾੜੀ ਕਾਲਜ) ਨੇ ਦੂਜਾ ਸਥਾਨ ਅਤੇ ਪ੍ਰਭਜੀਤ ਕੌਰ (ਬਾਗਬਾਨੀ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ। ਮਹਿੰਦੀ ਮੁਕਾਬਲੇ ਵਿੱਚ ਅਰਸ਼ੀਨ ਕੌਰ (ਖੇਤੀਬਾੜੀ ਕਾਲਜ) ਨੇ ਪਹਿਲਾ ਸਥਾਨ, ਜਸਪ੍ਰੀਤ ਕੌਰ (ਖੇਤੀਬਾੜੀ ਕਾਲਜ) ਨੇ ਦੂਜਾ ਸਥਾਨ ਅਤੇ ਏਕਮਜੋਤ ਕੌਰ (ਬਾਗਬਾਨੀ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ। ਰੰਗੋਲੀ ਦੇ ਮੁਕਾਬਲੇ ਵਿੱਚ ਇਸ਼ਲੀਨ ਕੌਰ (ਬਾਗਬਾਨੀ ਕਾਲਜ) ਨੇ ਪਹਿਲਾ ਸਥਾਨ, ਜੈਸਮੀਨ ਕੌਰ (ਖੇਤੀ ਇੰਜਨੀਅਰਿੰਗ ਕਾਲਜ) ਨੇ ਦੂਜਾ ਸਥਾਨ ਅਤੇ ਪ੍ਰੀਤੀ ਸਹਾਰਨ (ਖੇਤੀਬਾੜੀ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਮੌਕੇ ‘ਤੇ ਚਿੱਤਰਕਾਰੀ ਮੁਕਾਬਲੇ ਵਿੱਚ ਸੁਰਮੀਤ ਕੌਰ (ਖੇਤੀਬਾੜੀ ਕਾਲਜ) ਨੇ ਪਹਿਲਾ ਸਥਾਨ, ਵਿਪਨਦੀਪ ਕੌਰ (ਖੇਤੀਬਾੜੀ ਕਾਲਜ) ਨੇ ਦੂਜਾ ਸਥਾਨ ਅਤੇ ਗੁਰਪ੍ਰੀਤ ਕੌਰ (ਕਮਿਊਨਿਟੀ ਸਾਇੰਸ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ। ਗਰਾਫਟੀ ਮੁਕਾਬਲੇ ਵਿੱਚ ਪਹਿਲਾ ਸਥਾਨ ਖੇਤੀਬਾੜੀ ਕਾਲਜ, ਦੂਜਾ ਸਥਾਨ ਬਾਗਬਾਨੀ ਕਾਲਜ ਅਤੇ ਤੀਜਾ ਸਥਾਨ ਬੇਸਿਕ ਸਾਇੰਸ ਕਾਲਜ ਨੇ ਹਾਸਲ ਕੀਤਾ। ਮੌਕੇ ‘ਤੇ ਭਾਸ਼ਣ ਮੁਕਾਬਲੇ ਵਿੱਚ ਰੇਹਰਪਰਤਾਪ ਸਿੰਘ (ਖੇਤੀ ਇੰਜਨੀਅਰਿੰਗ ਕਾਲਜ) ਨੇ ਪਹਿਲਾ ਸਥਾਨ, ਦਵਿੰਦਰਪਾਲ ਸਿੰਘ (ਖੇਤੀਬਾੜੀ ਕਾਲਜ) ਨੇ ਦੂਜਾ ਸਥਾਨ ਅਤੇ ਆਰੀਅਨ ਦੂਬੇ (ਕਮਿਊਨਿਟੀ ਸਾਇੰਸ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਦਵਿੰਦਰਪਾਲ ਸਿੰਘ (ਖੇਤੀਬਾੜੀ ਕਾਲਜ) ਨੇ ਪਹਿਲਾ ਸਥਾਨ, ਤਸ਼ਮੀਨ ਕੌਰ (ਬੇਸਿਕ ਸਾਇੰਗ ਕਾਲਜ) ਨੇ ਦੂਜਾ ਸਥਾਨ ਅਤੇ ਮੁਸਕਾਨ ਨਰੂਲਾ (ਬਾਗਬਾਨੀ ਕਾਲਜ) ਨੇ ਤੀਜਾ ਸਥਾਨ ਹਾਸਲ ਕੀਤਾ।

ਗ਼ਜ਼ਲ



ਸਾਹਾਂ ਨੂੰ ਸੂਤ ਨਿਢਾਲ ਕਰਨ
, ਤੇ ਚੱਟ ਜਾਂਦੇ ਨੇ ਰੂਹਾਂ ਨੂੰ,
ਸੱਜਣਾਂ ਦੇ ਭੇਖ ‘ਚ ਵੇਖ ਲਵੋ,
ਕਿੱਦਾਂ ਦੇ ਚਾਰਾਗਰ ਹੋਏ।

ਮੈਂ ਜਦ ਤੱਕ ਚੋਗਾ ਚੁਗਦਾ ਸੀ,
ਕੋਈ ਤੋਟ ਨਹੀਂ ਸੀ ਚੂਰੀ ਦੀ,
ਪਰਵਾਜ਼ ਭਰੀ ਤਾਂ ਵੇਖ ਲਵੋ,
ਅੱਜ ਵੈਰੀ ਮੇਰੇ ਪਰ ਹੋਏ।

ਗ਼ਰਜ਼ਾਂ ਤੋਂ ਫ਼ਰਜ਼ਾਂ ਤੀਕ ਸਫ਼ਰ,
ਮੀਲਾਂ ਵਿਚ ਮਿਣਨਾ ਸਹਿਲ ਨਹੀਂ,
ਤਲੀਆਂ ਤੇ ਸੀਸ ਨਹੀਂ ਟਿਕਦਾ,
ਜੇ ਖੱਲੜੀ ਦੇ ਵਿਚ ਡਰ ਹੋਏ।

ਇਕ ਆਮ ਸਧਾਰਨ ਬੰਦੇ ਦੀ,
ਆਵਾਜ਼ ਜਦੋਂ ਪਰਵਾਜ਼ ਭਰੇ,
ਧਰਤੀ ਵੀ ਸੌੜੀ ਲੱਗਦੀ ਹੈ
ਫਿਰ ਅੰਬਰਾਂ ਦੇ ਵਿਚ ਘਰ ਹੋਏ।

ਮੈਂ ਘਿਰ ਜਾਨਾਂ, ਘਬਰਾ ਜਾਨਾਂ,
ਆਪਣੇ ਤੋਂ ਦੂਰ ਚਲਾ ਜਾਨਾਂ,
ਫਿਰ ਮੁੜ ਆਉਨਾਂ, ਜਦ ਸਮਝ ਲਵਾਂ,
ਕਿਤੇ ਮਨ ਦਾ ਹੀ ਨਾ ਡਰ ਹੋਏ।

ਕਿਸ ਘੁੰਮਣ ਘੇਰ ‘ਚ ਫਸ ਗਏ ਹਾਂ,
ਨਾ ਜੀਅ ਹੋਵੇ ਨਾ ਮਰ ਹੋਏ।
ਹਰ ਤਰਫ਼ ਤਪਦੀਆਂ ਲੋਹਾਂ ਨੇ,
ਇਕ ਪੈਰ ਅਗਾਂਹ ਨਾ ਧਰ ਹੋਏ।

ਮੈਂ ਦੇ ਦੇ ਦਸਤਕ ਹਾਰ ਗਿਆਂ,
ਹਰ ਪਾਸੇ ਹੀ ਦੀਵਾਰਾਂ ਨੇ,
ਮੈਂ ਕਿੱਥੇ ਬੈਠ ਆਰਾਮ ਕਰਾਂ,
ਕੋਈ ਤਾਂ ਖੁੱਲ੍ਹਾ ਦਰ ਹੋਏ।

ਰੋਣਾ ਕੁਰਲਾਉਣਾ ਸੁਣ ਸੁਣ ਕੇ
ਇਹ ਤਨ ਮਨ ਪੱਥਰ ਹੋ ਚੱਲਿਆ,
ਕੜ ਪਾਟ ਜਾਣ ‘ਤੇ ਗੱਲ ਪਹੁੰਚੀ,
ਹੁਣ ਹੋਰ ਸਿਤਮ ਨਾ ਜਰ ਹੋਏ।

ਰਾਹਾਂ ਦੀ ਧੂੜ ਪਿਆਸ ਬੜੀ,
ਨਾ ਬਹਿ ਸਕੀਏ ਨਾ ਤੁਰ ਸਕੀਏ,
ਹੁਣ ਸ਼ਹਿਰ ਸਮੁੰਦਰ ਖ਼ਾਰੇ ‘ਚੋਂ,
ਘੁੱਟ ਪਾਣੀ ਦੀ ਨਾ ਭਰ ਹੋਏ।

ਇਸ ਯੁਗ ਦਾ ਨਾਇਕ ਗੁਆਚ ਗਿਆ,
ਖਲਨਾਇਕਾਂ ਨੇ ਸਿਰ ਤਾਜ ਧਰੇ,
ਇਸ ਰੀਂਘਣਹਾਰੀ ਬਸਤੀ ਵਿਚ,
ਕਿਉਂ ਵਰਮੀ ਵਰਗੇ ਘਰ ਹੋਏ?

ਵਰਲਡ ਪੰਜਾਬੀ ਟਾਈਮਜ਼ ਗੁਰਭਜਨ ਗਿੱਲ